**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੋਨੂੰ ਬਾਂਸਲ, ਐਡਵੋਕੇਟ, (ਮੋਬ 90230-51906)
ਸਿਵਲ ਕੋਰਟਸ ਸੁਨਾਮ,
ਜ਼ਿਲ੍ਹਾ ਸੰਗਰੂਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। ------ਉੱਤਰਦਾਤਾ

**ਸ਼ਿਕਾਇਤਕੇਸ ਨੰ:245/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਕੁਲਪ੍ਰੀਤ ਸਿੰਘ, ਕਲਰਕ (90413-00470)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-01-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਟਿਆਲਾ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਟੀ, ਪਟਿਆਲਾ (ਪੀ.ਡੀ.ਏ.) ਦੇ ਦਫ਼ਤਰ ਵੱਲੋਂ ਨੰ:3806 ਮੁਤਾਬਿਕ ਜਾਰੀ ਕੀਤੀਆਂ ਹਦਾਇਤਾਂ ਨੂੰ ਲਾਗੂ ਕਰਨ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 03-06-2019 ਰਾਹੀਂ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤਕਰਤਾ ਵੱਲੋਂ ਇਹ ਨਹੀਂ ਦੱਸਿਆ ਗਿਆ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਚੁੱਕੀ ਹੈ ਜਾਂ ਨਹੀਂ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਪ੍ਰੀਤ ਸਿੰਘ, ਕਲਰਕ ਨੇ ਪੱਤਰ ਨੰ:210/ਆਰ.ਟੀ.ਆਈ., ਮਿਤੀ 20-02-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 18 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰਜਨ ਸਿੰਘ,
ਪੁੱਤਰ ਚੰਨਣ ਸਿੰਘ,
ਵਾਸੀ ਧਾਲੀਵਾਲ ਪੱਤੀ, ਪਿੰਡ ਛਾਜਲੀ,
ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਸੁਨਾਮ,
ਜ਼ਿਲ੍ਹਾ ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:269/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਗੁਰਮੁੱਖ ਸਿੰਘ, ਐਡਵੋਕੇਟ (98764-54081)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-11-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਸੁਨਾਮ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਾਕਾ ਰਕਬਾ ਪਿੰਡ ਛਾਜਲੀ-ਏ ਬਾਬਤ ਕੀਲਾ ਨੰ:312//14, (0-3) 312//15 (0-3) 312//16(0-3) 312//12(0-03) ਦੀ ਨਿਸ਼ਾਨਦੇਹੀ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਗੁਰਮੁੱਖ ਸਿੰਘ, ਐਡਵੋਕੇਟ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 18 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੁੱਖ ਸਿੰਘ, ਐਡਵੋਕੇਟ, (ਮੋਬ 98764-54081)
ਚੈਂਬਰ ਨੰ:145, ਸਿਵਲ ਕੋਰਟ,ਸੁਨਾਮ,
ਜ਼ਿਲ੍ਹਾ ਸੰਗਰੂਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:270/2019**

**ਹਾਜ਼ਰ:-**

1) ਸ਼੍ਰੀ ਗੁਰਮੁੱਖ ਸਿੰਘ, ਐਡਵੋਕੇਟ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਹਮੀਰ ਸਿੰਘ ਵਾਸੀ ਪਿੰਡ ਧਾਲੀਵਾਲ ਪੱਤੀ ਛਾਜਲੀ ਵੱਲੋਂ ਦਿੱਤੀ ਗਈ ਦਰਖਾਸਤ ਦੇ ਸਬੰਧ ਵਿੱਚ ਸਾਲ ਅਕਤੂਬਰ 2016 ਤੋਂ ਲੈ ਕੇ ਨਵੰਬਰ, 2016 ਤੱਕ 02 ਨੁਕਤਿਆ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:43-ਅਪੀਲ/ ਆਰ.ਟੀ.ਆਈ., ਮਿਤੀ 17-06-2019 ਅਤੇ ਪੱਤਰ ਨੰ:47-ਅਪੀਲ/ਆਰ.ਟੀ.ਆਈ., ਮਿਤੀ 17-06-2019, ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਨੁਕਤਾ ਨੰ:1 ਬਾਰੇ ਸੂਚਨਾ ਮਿਲ ਗਈ ਹੈ ਪਰੰਤੂ ਅਜੇ ਤੱਕ ਨੁਕਤਾ ਨੰ:2 ਬਾਰੇ ਸੂਚਨਾ ਨਹੀਂ ਮਿਲੀ। ਹਾਜ਼ਰ ਉੱਤਰਦਾਤਾ ਨੇ ਨੁਕਤਾ ਨੰ:2 ਬਾਰੇ ਸ਼ਿਕਾਇਤਕਰਤਾ ਨੂੰ ਸੂਚਨਾ ਜਲਦੀ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਨੁਕਤਾ ਨੰ:2 ਬਾਰੇ ਸ਼ਿਕਾਇਤਕਰਤਾ ਨੂੰ ਸੂਚਨਾ ਮਹੱਈਆ ਕਰਵਾ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 18 ਜੂਨ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੁੱਖ ਸਿੰਘ, ਐਡਵੋਕੇਟ, (ਮੋਬ 98764-54081)
ਚੈਂਬਰ ਨੰ:145, ਸਿਵਲ ਕੋਰਟ,ਸੁਨਾਮ,
ਜ਼ਿਲ੍ਹਾ ਸੰਗਰੂਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ., ਪੰਜਾਬ ਪੁਲਿਸ,
ਪੁਲਿਸ ਥਾਣਾ, ਛਾਜਲੀ, ਤਹਿਸੀਲ ਸੁਨਾਮ,
ਜ਼ਿਲ੍ਹਾ ਸੰਗਰੂਰ। ------ਉੱਤਰਦਾਤਾ

ਸ਼ਿਕਾਇਤਕੇਸ ਨੰ:271/2019

ਹਾਜ਼ਰ:-

1) ਸ਼੍ਰੀ ਗੁਰਮੁੱਖ ਸਿੰਘ, ਐਡਵੋਕੇਟ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

ਹੁਕਮ:

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-11-2018, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਚ.ਓ., ਪੰਜਾਬ ਪੁਲਿਸ, ਪੁਲਿਸ ਥਾਣਾ, ਛਾਜਲੀ, ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਹਮੀਰ ਸਿੰਘ ਵਾਸੀ ਪਿੰਡ ਧਾਲੀਵਾਲ ਪੱਤੀ ਛਾਜਲੀ ਵੱਲੋਂ ਦਿੱਤੀ ਗਈ ਦਰਖਾਸਤ ਦੇ ਸਬੰਧ ਵਿੱਚ ਸਾਲ ਅਕਤੂਬਰ 2016 ਤੋਂ ਲੈ ਕੇ ਨਵੰਬਰ, 2016 ਤੱਕ 02 ਨੁਕਤਿਆ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਕਿਹਾ ਹੈ ਕਿ ਹਥਲੇ ਕੇਸ ਨਾਲ ਬਿਲਕੁੱਲ ਮਿਲਦੀ-ਜੁਲਦੀ ਸੂਚਨਾ ਸ਼ਿਕਾਇਤਕਰਤਾ ਵੱਲੋਂ ਸ਼ਿਕਾਇਤ ਕੇਸ ਨੰ:270/2019 ਵਿੱਚ ਸੀਨੀਅਰ ਕਪਤਾਨ, ਸੰਗਰਰ ਦੇ ਦਫ਼ਤਰ ਕੋਲੋਂ ਵੀ ਮੰਗੀ ਗਈ ਹੈ ਅਤੇ ਉਸ ਕੇਸ ਵਿੱਚ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਨੇ ਵੀ ਮੰਨਿਆ ਹੈ ਕਿ ਉਸ ਵੱਲੋਂ ਦੋਵਾਂ ਕੇਸਾਂ ਵਿੱਚ ਇੱਕੋ ਜਿਹੀ ਸੂਚਨਾ ਮੰਗੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤ ਕੇਸ ਨੰ:270/2019 ਵਿੱਚ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਉਹ ਕੇਸ ਵੀ ਦਾਖਲ ਦਫ਼ਤਰ ਕੀਤਾ ਜਾ ਚੁੱਕਾ ਹੈ।ਇਸ ਕਰਕੇ ਹਥਲੇ ਕੇਸ ਵਿੱਚ ਵੀ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਇਹ ਸ਼ਿਕਾਇਤ ਕੇਸ ਵੀ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 18 ਜੂਨ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਜਿੰਦਰ ਸਿੰਘ, (88925-00001)
ਪੁੱਤਰ ਸ਼੍ਰੀ ਪ੍ਰਦੁਮਣ ਸਿੰਘ
ਧਰੌਰ, ਸਾਹਨੇਵਾਲ, ਲੁਧਿਆਣਾ ( ਪੂਰਬੀ)। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬ ਸਮਾਲ ਸਕੇਲ
ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ,
ਲਿਮਿਟਡ ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤਕੇਸ ਨੰ:313/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਜਸਵੰਤ ਸਿੰਘ, ਜੂਨੀਅਰ ਐਗਜ਼ੈਕਟਿਵ (98726-15390) ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿਮਿਟਡ ਚੰਡੀਗੜ੍ਹ, ਸ਼੍ਰੀਮਤੀ ਸੁਮਨ ਬਾਲਾ, ਸੁਪਰਡੰਟ, ਇੰਡਸਟਰੀਜ਼ ਵਿਭਾਗ(97806-40003), ਸ਼੍ਰੀਮਤੀ ਸ਼ੈਲੀ ਸ਼ਰਮਾ, ਸੀਨੀਅਰ ਸਹਾਇਕ (98882-94567)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-01-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿਮਿਟਡ ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸਿਵਲ ਰਿੱਟ ਪਟੀਸ਼ਨ ਨੰ:6003 ਆਫ਼ 1995-ਇੰਟਰਨੈਸ਼ਨਲ ਸਾਈਕਲਜ ਅਤੇ ਸਟ੍ਰਿਪਸ ਲਿਮਟਿਡ ਬਨਾਮ ਪੰਜਾਬ ਸਰਕਾਰ- ਵਿੱਚ ਪਾਸ ਕੀਤੇ ਗਏ ਹੁਕਮ, ਮਿਤੀ 17-04-1998 ਦੀ ਪਾਲਣਾ ਦੇ ਸਟੇਟਸ ਨਾਲ ਸਬੰਧਤ 26 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਉਦਯੋਗ ਅਤੇ ਕਮਰਸ ਵਿਭਾਗ ਨਾਲ ਹੋਣ ਕਾਰਨ, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿਮਿਟਡ ਚੰਡੀਗੜ੍ਹ ਵੱਲੋਂ ਆਪਣੇ ਪੱਤਰ ਨੰ:ਪਲਉਨਿਨਿ/ਏ.ਪੀ.ਆਈ.ਓ./ਆਰ.ਟੀ.ਆਈ.-19/27160-61, ਮਿਤੀ 05-02-2019 ਰਾਹੀਂ ਸ਼ਿਕਾਇਤਕਰਤਾ ਦਾ ਬਿਨੈ-ਪੱਤਰ ਉਦਯੋਗ ਅਤੇ ਕਮਰਸ ਵਿਭਾਗ ਨੂੰ ਆਰ.ਟੀ.ਆਈ. ਐਕਟ ਦੀ ਧਾਰਾ 6(3) ਅਧੀਨ ਤਬਦੀਲ ਕਰ ਦਿੱਤਾ ਗਿਆ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਸੁਮਨ ਬਾਲਾ, ਸੁਪਰਡੰਟ, ਇੰਡਸਟਰੀਜ਼ ਵਿਭਾਗ ਨੇ ਪੱਤਰ ਨੰ:1/2574/2019/ਆਰ.ਟੀ.ਆਈ. ਐਕਟ-05/ਸ-2/3539-ਏ, ਮਿਤੀ 02-04-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਮੰਗੀ ਗਈ ਨੁਕਤਾਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਉਦਯੋਗ ਅਤੇ ਕਮਰਸ ਵਿਭਾਗ,
(ਆਰ.ਟੀ.ਆਈ. ਸੈੱਲ), ਉਦਯੋਗ ਭਵਨ, ਸੈਕਟਰ-17, ਚੰਡੀਗੜ੍ਹ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੁੱਖ ਸਿੰਘ, ਐਡਵੋਕਟ, (98764-54081
ਚੈਂਬਰ ਨੰ:145, ਸਿਵਲ ਕੋਰਟ, ਸੁਨਾਮ,
ਜ਼ਿਲ੍ਹਾ ਸੰਗਰੂਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ। ------ਉੱਤਰਦਾਤਾ

**ਸ਼ਿਕਾਇਤਕੇਸ ਨੰ:316/2019**

**ਹਾਜ਼ਰ:-**

1) ਸ਼੍ਰੀ ਗੁਰਮੁੱਖ ਸਿੰਘ, ਐਡਵੋਕਟ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-01-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਦਵਿੰਦਰ ਸਿੰਘ ਵਾਸੀ ਸੁਨਾਮ ਜਿਸ ਦੇ ਮਿਤੀ 29-30/12/2015 ਨੂੰ ਸੱਟਾਂ ਮਾਰੀਆਂ ਗਈਆਂ ਸਨ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.ਨੇ ਕਿਹਾ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 18 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੀਤ ਸਿੰਘ,
ਪੁੱਤਰ ਲੇਟ ਸ਼੍ਰੀ ਦਰਸ਼ਨ ਸਿੰਘ,
ਪਿੰਡ ਬਾਦਲ, ਤਹਿਸੀਲ ਮਲੋਟ,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਰੂਰਲ ਇੰਸਟੀਚਿਊਟ ਫਾਰ ਵੋਕੇਸ਼ਨਲ ਟ੍ਰੇਨਿੰਗ,
(ਆਰ.ਆਈ.ਵੀ.ਟੀ.) ਬਾਦਲ,
ਤਹਿਸੀਲ ਮਲੋਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ------ਉੱਤਰਦਾਤਾ

**<u>ਸ਼ਿਕਾਇਤ ਕੇਸ ਨੰ: 69/2019</u>**

**<u>ਹਾਜ਼ਰ:-</u>** 1) ਸ਼੍ਰੀ ਗੁਰਮੀਤ ਸਿੰਘ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਨਮੋਲ ਨਾਨਕ ਸਿੰਘ, ਕਰਾਫਟ ਇੰਸਟ੍ਰਕਟਰ (96463-30018)।

**<u>ਹਕਮ:</u>**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਨਮੋਲ ਨਾਨਕ ਸਿੰਘ, ਕਰਾਫਟ ਇੰਸਟ੍ਰਕਟਰ ਨੇ ਪੱਤਰ ਨੰ: ਆਰ.ਆਈ.ਵੀ.ਟੀ./2019/80, ਮਿਤੀ 18-06-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਦੀ ਸੰਸਥਾ ਦੇ ਦੋ ਕੇਸ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਸੁਣਵਾਈ ਅਧੀਨ ਹਨ ਜਿਨ੍ਹਾਂ ਦੀ ਸੁਣਵਾਈ ਦੀ ਅਗਲੀ ਮਿਤੀ 18-07-2019 ਅਤੇ 31-07-2019 ਨਿਸਚਿਤ ਹੈ ਜਿਸ ਕਰਕੇ ਸ਼ਿਕਾਇਤਕਰਤਾ ਨੂੰ ਅਜੇ ਕੋਈ ਸੂਜਨਾ ਨਹੀਂ ਦਿੱਤੀ ਸਕਦੀ। ਹਾਜ਼ਰ ਉਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਅਦਾਲਤ ਦਾ ਅਜਿਹਾ ਕੋਈ ਹੁਕਮ ਪੇਸ਼ ਨਹੀਂ ਕੀਤਾ ਗਿਆ ਜਿਸ ਅਨੁਸਾਰ ਅਦਾਲਤ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਦੇਣ ਤੇ ਕੋਈ ਰੋਕ ਲਗਾਈ ਗਈ ਹੋਵੇ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **<u>ਅਗਲੀ ਸੁਣਵਾਈ ਮਿਤੀ 09-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 18 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਵਿੰਦਰ ਕਟਾਰੀਆ (ਮੋਬ: 94631-33590)
ਮਕਾਨ ਨੰ:64, ਨਿਊ ਸੰਤ ਫਤਿਹ ਸਿੰਘ ਨਗਰ,
ਡੁੱਗਰੀ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:941/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਰਾਹੁਲ ਡਬਰਾਲ, ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ (97797-17070) ਸੇਵਾ ਕੇਂਦਰ, ਲੁਧਿਆਣਾ।

**ਹੁਕਮ:**

ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਹੁਲ ਡਬਰਾਲ, ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ ਸੇਵਾ ਕੇਂਦਰ, ਲੁਧਿਆਣਾ ਨੇ ਪੱਤਰ ਨੰ: ਆਰ.ਟੀ.ਆਈ./ਐਸ.ਕੇ./ਲੁਧਿ:/13, ਮਿਤੀ 14-06-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 18-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 18 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ-ਕਮ-
ਸਹਾਇਕ ਲੋਕ ਸੂਚਨਾ ਅਧਿਕਾਰੀ,
ਸੇਵਾ ਕੇਂਦਰ, ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ (ਮੋਬ: 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 947/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸਰਬਜੀਤ ਸਿੰਘ ਕਾਹਲੋਂ (98885-64455) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 30-04-2019 ਤੇ ਅਪੀਲਕਰਤਾ ਵੱਲੋਂ ਹਾਜ਼ਰ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਮਿੰਦਰ ਸਿੰਘ, ਰੀਡਰ ਵੱਲੋਂ ਲਿਖਤੀ ਰੂਪ ਵਿੱਚ ਬਿਨੈ-ਪੱਤਰ, ਮਿਤੀ 30-04-2019 ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਤਹਿਸੀਲ, ਲੁਧਿਆਣਾ (ਪੂਰਬੀ) ਦੇ ਆਰ.ਟੀ.ਆਈ. ਕਲਰਕ ਦੀ ਇੱਕ ਮਹੀਨੇ ਦੀ ਚਾਈਲਡ ਕੇਅਰ ਲੀਵ ਹੋਣ ਕਾਰਨ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਿਆ ਸੀ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਵੱਲੋਂ ਹਾਜ਼ਰ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਲੁਧਿਆਣਾ (ਪੂਰਬੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:415, ਮਿਤੀ 12-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਇਹ ਮਾਮਲਾ ਤਹਿਸੀਲਦਾਰ ਲੁਧਿਆਣਾ (ਦੱਖਣੀ) ਨਾਲ ਸਬੰਧਤ ਹੈ ਪਰੰਤੂ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਸਬੰਧਤ ਲੋਕ ਸੂਚਨਾ ਅਧਿਕਾਰੀ ਨੂੰ ਤਬਦੀਲ ਨਹੀਂ ਕੀਤੀ ਗਈ। ਇਸ ਲਈ ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਲੁਧਿਆਣਾ (ਪੂਰਬੀ) ਅਤੇ ਸ਼੍ਰੀ ਹਰਮਿੰਦਰ ਸਿੰਘ, ਰੀਡਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ**, 18 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਕੀਰਤ ਸਿੰਘ, (98144-59188)
ਪੁੱਤਰ ਸ਼੍ਰੀ ਮਨਜਿੰਦਰ ਸਿੰਘ,
ਪਿੰਡ ਤੇ ਡਾਕਖਾਨਾ ਢੋਟੀਆਂ,
ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਟੀ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:944 /2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ (94170-32936)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 24-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਬੀ.ਏ.ਐੱਲ.ਐੱਲ ਦੇ ਵਿਦਆਰਥੀਆਂ ਦਾ ਨਤੀਜਾ ਤਿਆਰ ਕਰਨ ਬਾਰੇ ਨਿਯਮਾਂ ਆਦਿ ਨਾਲ ਸਬੰਧਤ 14 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾ ਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 07-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 02-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਸਿਹਤ ਠੀਕ ਨਾ ਹੋਣ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ ਮਿਤੀ 18-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਸਾਰੀ ਸੂਚਨਾ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:492/ਆਰ.ਟੀ.ਆਈ., ਮਿਤੀ 30-05-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 18 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੁਲੀਆ ਰਾਮ, (ਮੋਬ: 96460-60863)
ਪੁੱਤਰ ਸ਼੍ਰੀ ਮੁੰਨਾ ਰਾਮ, ਦਸਮੇਸ਼ ਕਲੋਨੀ,
ਨੇੜੇ ਸ਼ਿਸ਼ੂ ਭਾਰਤੀ ਸਕੂਲ, ਗਲੀ ਨੰ:3,
ਸੁਨਾਮ, ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਸੁਨਾਮ।
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪੰਜਾਬ,
ਪਟਿਆਲਾ।

**(ਰਜਿਸਟਰਡ)** ਸ਼੍ਰੀ ਸੰਜੇ ਕੁਮਾਰ, ਕਾਰਜ ਸਾਧਕ ਅਫਸਰ-ਕਮ-
ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ ਸੁਨਾਮ,
ਜ਼ਿਲ੍ਹਾ ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:955/2019**

**ਹਾਜ਼ਰ:-**

1) ਸ਼੍ਰੀ ਦੁਲੀਆ ਰਾਮ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-02-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਕਾਰਜ ਸਾਧਕ ਅਫਸਰ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਸੁਨਾਮ ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਨਗਰ ਕੌਂਸਿਲ, ਸੁਨਾਮ ਵਿਖੇ ਬਤੌਰ ਸਫਾਈ ਮੇਟ ਕੀਤੀ ਗਈ ਆਪਣੀ ਸੇਵਾ ਨਾਲ ਸਬੰਧਤ ਰਿਕਾਰਡ ਸਬੰਧੀ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਵੀ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ । ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 22-02-2018 ਸਬੰਧੀ ਲਗਭੱਗ 01 ਸਾਲ 04 ਮਹੀਨੇ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਉਸ ਨੂੰ ਸੂਚਨਾ ਨਹੀਂ ਭੇਜੀ ਗਈ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

3. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਸੰਜੇ ਕੁਮਾਰ, ਕਾਰਜ ਸਾਧਕ ਅਫਸਰ-ਕਮ- ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ ਸੁਨਾਮ, ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**955/2019

ਦਿੱਤੀ ਜਾਵੇ। ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ** 08-07-2019 **ਨੂੰ ਸਵੇਰੇ** 11:30 **ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 18 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਦਬਕੇਸ਼ ਕੁਮਾਰ (ਮੋਬ 76960-03777)
306, ਨਰਸਿੰਗ ਹੋਸਟਲ, ਫੇਸ-2,
ਸਰਕਾਰੀ ਮੈਡੀਕਲ ਕਾਲਿਜ ਤੇ ਹਸਪਤਾਲ
ਸੈਕਟਰ-32, ਚੰਡੀਗੜ੍ਹ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਿਜ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਿਜ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:736/2019**

**ਹਾਜ਼ਰ:-**

1) ਸ੍ਰੀ ਦਬਕੇਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਅਮੀਤਾ ਸ਼ਰਮਾ, ਸੀਨੀਅਰ ਸਹਾਇਕ (98762-19747)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-10-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਰਾਜਿੰਦਰਾ ਹਸਪਤਾਲ,ਪਟਿਆਲਾ ਦੇ ਨਰਸਿੰਗ ਸਟਾਫ ਨੂੰ ਦਿੱਤੀਆਂ ਜਾਣ ਵਾਲੀਆਂ ਛੁੱਟੀਆਂ ਅਤੇ ਉਨ੍ਹਾਂ ਦੇ ਸੇਵਾ ਨਿਯਮਾਂ ਆਦਿ ਨਾਲ ਸਬੰਧਤ 20 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 01-05-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅਮੀਤਾ ਸ਼ਰਮਾ, ਸੀਨੀਅਰ ਸਹਾਇਕ, ਨੇ ਪੱਤਰ ਨੰ:ਆਰ.ਟੀ.ਆਈ./2019/69, ਮਿਤੀ 25-04-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:255 ਅਤੇ ਪੱਤਰ ਨੰ:16, ਮਿਤੀ 30-01-2019 ਰਾਹੀਂ ਰਜਿਸਟਰਡ ਡਾਕ ਦੁਆਰਾ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਦੋਵੇਂ ਧਿਰਾਂ ਦੀ ਸਹਿਮਤੀ ਨਾਲ ਇਹ ਫੈਸਲਾ ਹੋਇਆ ਸੀ ਕਿ ਜੇਕਰ ਹਾਜ਼ਰ ਉੱਤਰਦਾਤਾ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਰਜਿਸਟਰੀ ਦੀ ਰਸੀਦ ਪੇਸ਼ ਕਰ ਦੇਵੇ ਤਾਂ ਇਹ ਕੇਸ ਬੰਦ ਕਰ ਦਿੱਤਾ ਜਾਵੇਗਾ।ਹਾਜ਼ਰ ਉੱਤਰਦਾਤਾ ਵੱਲੋਂ ਇਸ ਸਬੰਧੀ ਈ.ਮੇਲ ਰਾਹੀਂ ਰਸੀਦ ਭੇਜੀ ਗਈ ਸੀ ਜੋ ਕਿ ਪੜ੍ਹਨ-ਯੋਗ ਨਹੀਂ ਸੀ। ਇਸ ਕਰਕੇ ਦੋਵੇਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅਮੀਤਾ ਸ਼ਰਮਾ, ਸੀਨੀਅਰ ਸਹਾਇਕ ਨੇ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਰਜਿਸਟਰੀ ਦੀ ਅਸਲ ਰਸੀਦ ਪੇਸ਼ ਕੀਤੀ ਹੈ ਜਿਸ ਅਨੁਸਾਰ ਅਪੀਲਕਰਤਾ ਨੂੰ ਮਿਤੀ 01-02-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਰਜਿਸਟਰੀ ਦੀ ਰਸੀਦ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 18 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ਬੀਨਾ ਬੇਗਮ, (9888475101)
ਪਤਨੀ ਸ਼੍ਰੀ ਸਲੀਮ,
ਵਾਸੀ ਦਰਗਾਹ ਰੋਜ਼ਾ ਸ਼ਰੀਫ, ਲੱਖ ਦਾਤਾ,
ਲਾਲਾਂ ਵਾਲਾ ਪੀਰ, ਹਰੀਪੁਰ ਰੋਡ,
ਸੰਗਰੂਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:185/2019**

**ਹਾਜ਼ਰ:-**
1) ਸ਼੍ਰੀਮਤੀ ਸ਼ਬੀਨਾ ਬੇਗਮ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:24-ਅਪੀਲ/ਆਰ.ਟੀ.ਆਈ., ਮਿਤੀ 17-06-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਆਪਣੇ ਪੱਤਰ, ਮਿਤੀ 01-05-2019 ਰਾਹੀਂ ਲਿਖਤੀ ਰੂਪ ਵਿੱਚ ਹਾਜ਼ਰ ਉੱਤਰਦਾਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ ਪਰੰਤੂ ਤਰੁੱਟੀਆਂ ਦੂਰ ਕਰਨ ਉਪਰੰਤ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸਮੇਂ ਦੀ ਮੰਗ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰ ਕੇ ਸੂਚਨਾ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 02-07-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 18 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੂਪਿੰਦਰ ਸਿੰਘ, (ਮੋਬ 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਲੁਧਿਆਣਾ ਇੰਪਰੂਵਮੈਂਟ ਟੱਰਸਟ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚੇਅਰਮੈਨ, ਲੁਧਿਆਣਾ ਇੰਪਰੂਵਮੈਂਟ ਟੱਰਸਟ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 946/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸਰਬਜੀਤ ਸਿੰਘ ਕਾਹਲੋਂ (98885-64455) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 08-05-2019 ਤੇ ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਬਲਵੰਤ ਸਿੰਘ ਕਲਰਕ ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਕੁੱਝ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਅਤੇ ਬਾਕੀ ਸੂਚਨਾ ਉਹ ਪਿਛਲੀ ਪੇਸ਼ੀ ਤੇ ਲੈ ਕੇ ਆਇਆ ਸੀ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਹ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 08-05-2019 ਅਨੁਸਾਰ ਅਪੀਲਕਰਤਾ ਨੂੰ ਸੂਚਨਾ ਭੇਜੇ ਜਾਣ ਬਾਰੇ ਵੀ ਕਮਿਸ਼ਨ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਅਤੇ ਸ਼੍ਰੀ ਬਲਵੰਤ ਸਿੰਘ ਕਲਰਕ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਸੂਚਨਾ ਨਾ ਭੇਜਣ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 18 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਚਮਕੌਰ ਸਾਹਿਬ,
ਜ਼ਿਲ੍ਹਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਰੂਪਨਗਰ। -----ਉੱਤਰਦਾਤ

**ਅਪੀਲ ਕੇਸ ਨੰ: 1545/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਰਮਨਦੀਪ ਕੋਰ, ਕਲਰਕ (84371-23249)

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਰਮਨਦੀਪ ਕੋਰ, ਕਲਰਕ ਨੇ ਪੱਤਰ ਨੰ:399/ਫਕ-3 (ਆਰ.ਟੀ.ਆਈ.), ਮਿਤੀ 14-06-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:386/ਪੇਸ਼ੀ, ਮਿਤੀ 16-04-2019 ਰਾਹੀਂ ਰਜਿਸਟਰਡ ਡਾਕ ਦੁਆਰਾ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।
ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਇਹ ਵੀ ਇਤਰਾਜ਼ ਉਠਾਇਆ ਗਿਆ ਹੈ ਕਿ ਪਹਿਲੀ ਅਪੀਲੀ ਅਥਾਰਟੀ ਵੱਲੋਂ ਆਪਣੇ ਹੁਕਮ, ਮਿਤੀ 28-02-2019 ਵਿੱਚ ਲੋਕ ਸੂਚਨਾ ਅਧਿਕਾਰੀ ਵੱਲੋਂ ਬਿਨ੍ਹਾਂ ਕਿਸੇ ਦਸਤਾਵੇਜ਼ੀ ਸਬੂਤ ਤੋਂ ਦਿੱਤੇ ਗਏ ਬਿਆਨ ਵੀ ਰਿਕਾਰਡ ਕੀਤੇ ਗਏ ਹਨ ਕਿ ਅਪੀਲਕਰਤਾ ਆਰ.ਟੀ.ਆਈ. ਐਕਟ, 2005 ਦੀ ਦੁਰਵਰਤੋਂ ਕਰ ਰਿਹਾ ਹੈ ਅਤੇ ਵੱਖ-ਵੱਖ ਵਿਭਾਗਾਂ ਤੋਂ ਸੂਚਨਾ ਪ੍ਰਾਪਤ ਕਰਨ ਲਈ ਐਕਟ ਦੀ ਦੁਰਵਰਤੋਂ ਕਰਕੇ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਬਲੈਕਮੇਲ ਕਰ ਰਿਹਾ ਹੈ ਜਿਸ ਕਾਰਨ ਉਸ ਦੀ ਮਾਣਹਾਨੀ ਹੋਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ।

2. ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਨੁਕਤਾ ਨੰ:2, 3 ਅਤੇ 4 ਬਾਰੇ ਦਿੱਤੀ ਗਈ ਸੂਚਨਾ ਸਹੀ ਨਹੀਂ ਹੈ। ਇਸ ਲਈ ਉੱਤਰਦਾਤਾ, ਸ਼੍ਰੀ ਮਨਕੰਵਲ ਸਿੰਘ ਚਾਹਲ, ਪੀ.ਸੀ.ਐਸ., ਉਪ ਮੰਡਲ ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ (ਆਰ.ਟੀ.ਆਈ.), ਸ੍ਰੀ ਚਮਕੌਰ ਸਾਹਿਬ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਅਤੇ ਅਪੀਲਕਰਤਾ ਵਿਰੁੱਧ ਬਿਨ੍ਹਾਂ ਕਿਸੇ ਦਸਤਾਵੇਜ਼ੀ ਸਬੂਤ ਤੋਂ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਬਲੈਕਮੇਲ ਕਰਨ ਸਬੰਧੀ ਰਿਕਾਰਡ ਕੀਤੇ ਗਏ ਕਥਨਾਂ ਬਾਰੇ ਸਥਿਤੀ ਸਪੱਸ਼ਟ ਕੀਤੀ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 18 **ਜੂਨ,** 2019.

**ਕਾਪੀ:-**

ਸ਼੍ਰੀ ਮਨਕੰਵਲ ਸਿੰਘ ਚਾਹਲ, ਪੀ.ਸੀ.ਐਸ.,
ਉਪ ਮੰਡਲ ਮੈਜਿਸਟਰੇਟ-ਕਮ-
ਪਹਿਲੀ ਅਪੀਲੀ ਅਥਾਰਟੀ (ਆਰ.ਟੀ.ਆਈ.),
ਸ੍ਰੀ ਚਮਕੌਰ ਸਾਹਿਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਕਰਨਲ ਐਫ.ਐੱਸ .ਦੇਹਲ (ਰਿਟਾ:), (79864-45017)
#491 ਫੇਸ 1-ਬੀ, ਸ਼ਿਵਾਲਿਕ ਐਵਨਿਊ,
ਨਵਾਂ ਨੰਗਲ, ਜ਼ਿਲ੍ਹਾ ਰੋਪੜ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਨਵਾਂ ਨੰਗਲ,
ਜ਼ਿਲ੍ਹਾ ਰੋਪੜ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ,
ਅਰਬਨ ਲੋਕਲ ਬਾਡੀਜ਼,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:2224/2018**

**ਹਾਜ਼ਰ:-**

1) ਕਰਨਲ ਐਫ.ਐੱਸ .ਦੇਹਲ (ਰਿਟਾ:), ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 03-062019 ਤੇ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਨਵਾਂ ਨੰਗਲ ਵੱਲੋਂ ਆਪਣੇ ਪੱਤਰ ਨੰ:1726, ਮਿਤੀ 27-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਰਾਜ ਸੂਚਨਾ ਕਮਿਸ਼ਨਰ, ਸ਼੍ਰੀਮਤੀ ਪ੍ਰੀਤੀ ਚਾਵਲਾ ਜੀ ਵੱਲੋਂ ਅਪੀਲ ਕੇਸ ਨੰ:2364, 2366, 2367 ਅਤੇ 3240 ਆਫ 2018 ਵਿੱਚ ਅਪੀਲਕਰਤਾ ਸ਼੍ਰੀ ਸੁਮਿਤ ਕੁਮਾਰ ਨੂੰ ਦਫ਼ਤਰ ਨੰਗਲ ਵਿਖੇ ਰਿਕਾਰਡ ਵਿਖਾਉਣ ਵਾਸਤੇ ਮਿਤੀ 03-06-2019 ਨਿਸਿਚਤ ਕੀਤੀ ਹੋਈ ਸੀ। ਇਸ ਲਈ ਉਨ੍ਹਾਂ ਵੱਲੋਂ ਹਥਲੇ ਕੇਸ ਵਿੱਚ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 18 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਕਰਨਲ ਐਫ.ਐੱਸ. ਦੇਹਲ (ਰਿਟਾ:)
491 ਫੇਸ 1-ਬੀ, ਸ਼ਿਵਾਲਿਕ ਐਵਨਿਊ
ਨਵਾਂ ਨੰਗਲ ਜ਼ਿਲ੍ਹਾ ਰੋਪੜ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਨਵਾਂ ਨੰਗਲ,
ਜ਼ਿਲ੍ਹਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ,
ਅਰਬਨ ਲੋਕਲ ਬਾਡੀਜ਼, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:2993/2018**

**ਹਾਜ਼ਰ:-**

1) ਕਰਨਲ ਐਫ.ਐੱਸ .ਦੇਹਲ (ਰਿਟਾ:), ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 03-062019 ਤੇ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਨਵਾਂ ਨੰਗਲ ਵੱਲੋਂ ਆਪਣੇ ਪੱਤਰ ਨੰ:1726, ਮਿਤੀ 27-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਰਾਜ ਸੂਚਨਾ ਕਮਿਸ਼ਨਰ, ਸ਼੍ਰੀਮਤੀ ਪ੍ਰੀਤੀ ਚਾਵਲਾ ਜੀ ਵੱਲੋਂ ਅਪੀਲ ਕੇਸ ਨੰ:2364, 2366, 2367 ਅਤੇ 3240 ਆਫ 2018 ਵਿੱਚ ਅਪੀਲਕਰਤਾ ਸ਼੍ਰੀ ਸੁਮਿਤ ਕੁਮਾਰ ਨੂੰ ਦਫ਼ਤਰ ਨੰਗਲ ਵਿਖੇ ਰਿਕਾਰਡ ਵਿਖਾਉਣ ਵਾਸਤੇ ਮਿਤੀ 03-06-2019 ਨਿਸਿਚਤ ਕੀਤੀ ਹੋਈ ਸੀ। ਇਸ ਲਈ ਉਨ੍ਹਾਂ ਵੱਲੋਂ ਹਥਲੇ ਕੇਸ ਵਿੱਚ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 18 ਜੂਨ, 2019.**

PUNJAB STATE INFORMATION COMMISSION
Red Cross Building, Near Rose Garden,
Sector 16, Chandigarh.
Ph: 0172-2864113, Email: - psic23@punjabmail.gov.in
Visit us: - www.infocommpunjab.com